## ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ

## ਦਿੱਲੀ ਆਫ਼ਤ ਪ੍ਰਬੰਧਨ ਅਥਾਰਟੀ

**ਸੰ. ਐਫ.02/07/2020/ਐਸ.I/85** **ਮਿਤੀ 23.04.2020**

**ਹੁਕਮ**

ਜਦੋਂ ਕਿ, ਦਿੱਲੀ ਆਫ਼ਤ ਪ੍ਰਬੰਧਨ ਅਥਾਰਟੀ (ਡੀ.ਡੀ.ਐਮ.ਏ.) ਸੰਤੁਸ਼ਟ ਹੈ ਕਿ ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ ਕੋਵਿਡ–19 ਮਹਾਮਾਰੀ ਦੇ ਫੈਲਣ ਤੋਂ ਚਿੰਤਤ ਹੈ, ਜਿਸ ਨੂੰ ਵਿਸ਼ਵ ਸਿਹਤ ਸੰਗਠਨ ਦੁਆਰਾ ਪਹਿਲਾਂ ਹੀ ਆਲਮੀ ਮਹਾਮਾਰੀ ਐਲਾਨ ਕੀਤਾ ਜਾ ਚੁੱਕਿਆ ਹੈ ਅਤੇ ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਵਿਚ ਇਸ ਮਹਾਮਾਰੀ ਨੂੰ ਫੈਲਣ ਤੋਂ ਰੋਕਣ ਲਈ ਪ੍ਰਭਾਵੀ ਕਦਮ ਚੁੱਕੇ ਜਾਣ ਲਈ ਇਸ ਨੂੰ ਜ਼ਰੂਰੀ ਸਮਝਿਆ ਗਿਆ ਹੈ।

ਇਸ ਸਥਿਤੀ ਨਾਲ ਨਿਪਟਣ ਲਈ ਦਿੱਲੀ ਆਫ਼ਤ ਪ੍ਰਬੰਧਨ ਅਥਾਰਟੀ ਨੇ ਸਮੇਂ-ਸਮੇਂ ਸੰਬੰਧਿਤ ਵਿਭਾਗਾਂ ਨੂੰ ਉਚਿਤ ਉਪਾਅ ਕਰਨ ਲਈ ਵੱਖ-ਵੱਖ ਹਿਦਾਇਤਾਂ ਜਾਰੀ ਕੀਤੀਆਂ ਹਨ।

ਅਤੇ ਜਦੋਂ ਕਿ ਸਿਹਤ ਅਤੇ ਪਰਿਵਾਰ ਕਲਿਆਣ ਮੰਤਰਾਲਾ, ਭਾਰਤ ਸਰਕਾਰ ਨੇ ਪਹਿਲਾਂ ਹੀ ''ਕੋਵਿਡ–19" ਡੈੱਡ ਬਾਡੀ ਮੈਨੇਜਮੈਂਟ 'ਤੇ ਦਿਸ਼ਾ-ਨਿਰਦੇਸ਼ ਸਾਂਝੇ ਕੀਤੇ ਹਨ, ਜੋ ਉਨ੍ਹਾਂ ਦੀ ਵੈੱਬ-ਸਾਈਟ 'ਤੇ ਉਪਲਬਧ ਹਨ ਅਤੇ ਨਿਮਨ ਹਸਤਾਖ਼ਰੀ ਨੇ ਹੁਕਮ ਸੰ. 2/07/2020/ਐਸ–1/75 ਮਿਤੀ 21.04.2020 ਦੁਆਰਾ ਸਿਹਤ ਵਿਭਾਗ, ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ ਸਰਕਾਰ ਅਤੇ ਸਾਰੀਆਂ ਲੋਕਲ ਬੌਡੀਜ਼ ਨੂੰ ਇਸ ਦੀ ਸਖ਼ਤੀ ਨਾਲ ਪਾਲਣਾ ਕਰਨ ਲਈ ਭੇਜਿਆ ਗਿਆ ਹੈ।

ਅਤੇ ਜਦੋਂ ਕਿ, ਇਹ ਜ਼ਰੂਰੀ ਹੈ ਕਿ ਉਪਰੋਕਤ ਦਿਸ਼ਾ-ਨਿਰਦੇਸ਼ਾਂ ਦਾ ਇਮਾਨਦਾਰੀ ਨਾਲ ਪਾਲਣ ਕੀਤਾ ਜਾਏ, ਜਿਸ ਲਈ ਇਹ ਜ਼ਰੂਰੀ ਹੈ ਕਿ ਜਦੋਂ ਵੀ ਜ਼ਰੂਰਤ ਹੋਵੇ, ਜ਼ਿਲ੍ਹਾ ਪ੍ਰਸ਼ਾਸਨ ਦੇ ਕੰਟਰੋਲ ਵਿਚ ਇਕ ਮੁਰਦਾ-ਗੱਡੀ ਦੇ ਨਾਲ-ਨਾਲ ਐਂਬੂਲੈਂਸ ਵੀ ਉਪਲਬਧ ਹੋਵੇ।

ਹੁਣ, ਇਸ ਲਈ ਆਫ਼ਤ ਪ੍ਰਬੰਧਨ ਐਕਟ, 2005 ਦੀ ਧਾਰਾ 22 ਦੇ ਅੰਤਰਗਤ ਮੌਜੂਦ ਸ਼ਕਤੀਆਂ ਦਾ ਪ੍ਰਯੋਗ ਕਰਦੇ ਹੋਏ ਰਾਜ ਕਾਰਜਕਾਰੀ ਸਮਿਤੀ, ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ ਦੇ ਮੁਖੀ ਦੇ ਰੂਪ ਵਿਚ ਨਿਮਨ ਹਸਤਾਖ਼ਰੀ, ਸਾਰੇ ਜ਼ਿਲ੍ਹਾ ਮੈਜਿਸਟ੍ਰੇਟਾਂ ਨੂੰ ਨਿਰਦੇਸ਼ ਦਿੰਦੇ ਹਨ ਕਿ ਆਪਣੇ ਕੰਟਰੋਲ ਵਿਚ ਮੁਰਦਾ-ਗੱਡੀ ਰੱਖਣ ਅਤੇ ਇਸ ਲਈ ਕਿਰਾਇਆ/ਕਿਰਾਏ ਦੀਆਂ ਦਰਾਂ ਨਿਰਧਾਰਤ ਕੀਤੀਆਂ ਜਾਣ ਅਤੇ ਮੰਡਲ ਕਮਿਸ਼ਨਰ, ਦਿੱਲੀ ਨੂੰ ਜਾਣੂੰ ਕਰਵਾਇਆ ਜਾਵੇ। ਇਸ ਤੋਂ ਇਲਾਵਾ, ਸਿਹਤ ਅਤੇ ਪਰਿਵਾਰ ਕਲਿਆਣ ਵਿਭਾਗ, ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ ਨੂੰ ਵਿਭਾਗ ਦੁਆਰਾ ਨਿਰਧਾਰਤ ਕਿਰਾਏ 'ਤੇ ਨਿੱਜੀ ਐਂਬੂਲੈਂਸ (ਉਨ੍ਹਾਂ ਦੇ ਮਾਨਕ ਨਿਰਧਾਰਨ ਮੁਤਾਬਕ) ਕਿਰਾਏ 'ਤੇ ਲੈਣ ਅਤੇ 24.04.2020 ਤੱਕ ਸਾਰੇ ਜ਼ਿਲ੍ਹਾ ਮੈਜਿਸਟ੍ਰੇਟਾਂ ਕੋਲ ਦੋ ਐਂਬੂਲੈਂਸਾਂ ਮੁਹੱਈਆ ਕਰਾਉਣ ਦੇ ਨਿਰਦੇਸ਼ ਦਿੱਤੇ ਜਾਂਦੇ ਹਨ। ਕੋਵਿਡ–19 ਸਮਰਪਤ ਹਸਪਤਾਲਾਂ ਦੇ ਮੈਡੀਕਲ ਸੁਪਰਡੈਂਟਾਂ ਅਤੇ ਜ਼ਿਲ੍ਹਾ ਮੈਜਿਸਟ੍ਰੇਟਾਂ ਦੁਆਰਾ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਕੋਵਿਡ–19 ਪੌਜ਼ੀਟਿਵ ਰੋਗੀਆਂ ਨੂੰ ਕੋਵਿਡ ਕੇਅਰ ਸੈਂਟਰਾਂ, ਕੋਵਿਡ ਸਿਹਤ ਕੇਂਦਰਾਂ ਅਤੇ ਦੋ ਸਮਰਪਿਤ ਕੋਵਿਡ–19 ਹਸਪਤਾਲਾਂ ਵਿਚ ਮਰੀਜ਼ਾਂ ਦੀ ਸ਼੍ਰੇਣੀ ਦੇ ਮੁਤਾਬਕ ਬਿਨਾ ਸਮਾਂ ਗਵਾਏ ਉਨ੍ਹਾਂ ਨੂੰ ਤੁਰੰਤ ਭਰਤੀ ਕੀਤਾ ਜਾਵੇ।

(ਵਿਜੇ ਦੇਵ)
ਮੁੱਖ ਸਕੱਤਰ, ਦਿੱਲੀ

ਪਾਲਣਾ ਹਿੱਤ ਨਕਲ :

1 ਮੁੱਖ ਸਕੱਤਰ (ਮਾਲੀਆ)-ਸਹਿ-ਮੰਡਲੀ ਕਮਿਸ਼ਨਰ, ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ।

2 ਮੁੱਖ ਸਕੱਤਰ, ਸਿਹਤ ਅਤੇ ਪਰਿਵਾਰ ਕਲਿਆਣ, ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ।

3 ਸਾਰੇ ਜ਼ਿਲ੍ਹਾ ਮੈਜਿਸਟ੍ਰੇਟ, ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ।

ਸੂਚਨਾ ਹਿੱਤ ਕਾਪੀ

1 ਮੁੱਖ ਸਕੱਤਰ, ਮਾਣਯੋਗ ਉੱਪ-ਰਾਜਪਾਲ, ਦਿੱਲੀ।

2 ਵਧੀਕ ਸਕੱਤਰ, ਮਾਣਯੋਗ ਮੁੱਖ-ਮੰਤਰੀ, ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ।

3 ਸਕੱਤਰ, ਮਾਣਯੋਗ ਉੱਪ ਮੁੱਖ-ਮੰਤਰੀ, ਰਾਸ਼ਟਰੀ ਰਾਜਧਾਨੀ, ਖੇਤਰ, ਦਿੱਲੀ ਸਰਕਾਰ।

4 ਸਕੱਤਰ, ਮਾਣਯੋਗ ਵਿੱਤ ਮੰਤਰੀ, ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ।

5 ਸਕੱਤਰ, ਮਾਣਯੋਗ ਸਿਹਤ ਮੰਤਰੀ, ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ।

6 ਸਕੱਤਰ, ਮਾਣਯੋਗ ਕਿਰਤ ਮੰਤਰੀ, ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ।

7 ਸਕੱਤਰ, ਮਾਣਯੋਗ ਸਮਾਜ ਕਲਿਆਣ ਮੰਤਰੀ, ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ।

8 ਸਕੱਤਰ, ਮਾਣਯੋਗ ਫੂਡ ਅਤੇ ਸਪਲਾਈ ਮੰਤਰੀ, ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ।

9 ਵਧੀਕ ਮੁੱਖ ਸਕੱਤਰ (ਗ੍ਰਹਿ), ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ।

10 ਪੁਲੀਸ ਕਮਿਸ਼ਨਰ, ਦਿੱਲੀ

11 ਪ੍ਰਧਾਨ ਸਕੱਤਰ (ਮਾਲੀਆ)-ਸਹਿ-ਮੰਡਲੀ ਕਮਿਸ਼ਨਰ, ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ ਸਰਕਾਰ।

12 ਐਸ.ਆਈ.ਓ., ਐਨ.ਆਈ.ਸੀ. ਨੂੰ ਦਿੱਲੀ ਸਰਕਾਰ ਦੀ ਵੈੱਬ-ਸਾਈਟ 'ਤੇ ਅੱਪਲੋਡ ਕਰਨ ਲਈ।